**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10**

**ਮਿਤੀ :21-08-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਆਪਣੀ ਰਿਹਾਇਸ਼ 'ਤੇ ਭਾਰਤ ਸਰਕਾਰ ਦੇ ਸਕੱਤਰਾਂ ਨਾਲ ਤੀਜੀ ਉੱਚ-ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕੀਤੀ ਅਤੇ ਬੁਨਿਆਦੀ ਢਾਂਚਾ ਅਤੇ ਸੰਪਰਕ, ਸੁਰੱਖਿਆ, ਵਿਦੇਸ਼ ਮਾਮਲਿਆਂ ਅਤੇ ਸ਼ਾਸਨ ਨਾਲ ਸਬੰਧਿਤ  ਮੰਤਰਾਲਿਆਂ ਅਤੇ ਵਿਭਾਗਾਂ ਦੇ ਭਵਿੱਖ ਦੇ ਕਾਰਜ ਏਜੰਡੇ 'ਤੇ ਚਰਚਾ ਕੀਤੀ। ਕੱਲ ਹੋਈ ਮੀਟਿੰਗ ਦੌਰਾਨ ਪ੍ਰਧਾਨ ਮੰਤਰੀ ਨੇ ਸਕੱਤਰਾਂ ਨੂੰ ਇਸ ਬਾਰੇ ਲੰਮੇ ਸਮੇਂ ਦੇ ਦ੍ਰਿਸ਼ਟੀਕੋਣ ਨਾਲ ਸੋਚਣ ਦੀ ਅਪੀਲ ਕੀਤੀ ਦੇਸ਼ ਦੇ ਭਵਿੱਖ ਨੂੰ ਕਿਵੇਂ ਢਾਲਣਾ ਚਾਹੀਦਾ ਏ । ਵਧੇਰੇ ਅੰਤਰ-ਕਾਰਜਸ਼ੀਲਤਾ ਅਤੇ ਡੇਟਾ ਦੀ ਪ੍ਰਭਾਵਸ਼ਾਲੀ ਵਰਤੋਂ ਦੀ ਮੰਗ ਕਰਦੇ ਹੋਏ, ਸ਼੍ਰੀ ਮੋਦੀ ਨੇ ਕਿਹਾ ਕਿ ਡੇਟਾ ਇੱਕ ਰਾਸ਼ਟਰੀ ਅਸਾਸਾ ਅਤੇ ਭਵਿੱਖ ਲਈ ਇੱਕ ਵਸੀਲਾ ਏ ।  ਅਧਿਕਾਰੀਆਂ ਵਿੱਚ ਗੈਰ-ਰਸਮੀ ਗੱਲਬਾਤ ਅਤੇ ਟੀਮ ਭਾਵਨਾ ਬਣਾਉਣ ਦੀ ਮਹੱਤਤਾ ਨੂੰ ਉਜਾਗਰ ਕਰਦੇ ਹੋਏ, ਸ਼੍ਰੀ ਮੋਦੀ ਨੇ ਨੀਤੀ ਨਿਰਮਾਣ ਵਿੱਚ ਨਵੇਂ ਦ੍ਰਿਸ਼ਟੀਕੋਣ ਲਿਆਉਣ ਲਈ ਸਰਕਾਰੀ ਵਿਭਾਗਾਂ, ਯੂਨੀਵਰਸਿਟੀਆਂ ਅਤੇ ਨੌਜਵਾਨਾਂ ਵਿਚਕਾਰ ਵਧੇਰੇ ਸ਼ਮੂਲੀਅਤ ਦੀ ਮੰਗ ਕੀਤੀ। ਉਨ੍ਹਾਂ

ਦੇਸ਼ ਦੀ ਰੱਖਿਆ ਸਨਅਤ ਨੂੰ ਹੋਰ ਮਜ਼ਬੂਤ ਕਰਨ ਅਤੇ ਇਸਨੂੰ ਵਿਸ਼ਵ ਪੱਧਰ 'ਤੇ ਵਧੇਰੇ ਮੁਕਾਬਲੇ ਬਾਜ਼ੀ ਵਾਲਾ ਬਣਾਉਣ ਦੀ ਜ਼ਰੂਰਤ 'ਤੇ ਵੀ ਜ਼ੋਰ ਦਿੱਤਾ। ਮੀਟਿੰਗ ਦੌਰਾਨ, ਸਕੱਤਰਾਂ ਨੇ ਖੇਤਰਾਂ ਦੀਆਂ ਤਰਜੀਹਾਂ, ਉੱਭਰ ਰਹੀਆਂ ਚੁਣੌਤੀਆਂ ਅਤੇ ਲਾਗੂਕਰਨ ਮੁੱਦਿਆਂ 'ਤੇ ਆਪਣੇ ਅਨੁਭਵ ਸਾਂਝੇ ਕੀਤੇ। ਕੈਬਨਿਟ ਸਕੱਤਰ, ਮੁੱਖ ਮੰਤਰਾਲਿਆਂ ਅਤੇ ਵਿਭਾਗਾਂ ਦੇ ਸਕੱਤਰ, ਅਤੇ ਪ੍ਰਧਾਨ ਮੰਤਰੀ ਦਫ਼ਤਰ ਦੇ ਸੀਨੀਅਰ ਅਧਿਕਾਰੀ ਮੀਟਿੰਗ ਵਿੱਚ ਸ਼ਾਮਲ ਹੋਏ।

---

ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਯੂ.ਐਨ. ਮਹਿਲਾ ਸ਼ੀਲੀਡਜ਼ ਸਟੇਟਸ ਵਰਕਸ਼ਾਪ ਵਿੱਚ ਸੂਬੇ ਦੇ ਵੱਖ-ਵੱਖ ਹਿੱਸਿਆਂ ਤੋਂ ਆਈਆਂ ਮਹਿਲਾ ਆਗੂਆਂ ਨੂੰ ਸੰਬੋਧਨ ਕੀਤਾ। ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਉਨ੍ਹਾਂ ਵਰਗੀਆਂ ਮਹਿਲਾ ਨੇਤਾ ਨਾ ਸਿਰਫ਼ ਆਪਣੇ ਭਾਈਚਾਰਿਆਂ ਵਿੱਚ ਬਦਲਾਅ ਲਿਆਉਣ ਲਈ ਸਮਰੱਥ ਹਨ ਸਗੋਂ ਸਾਰੇ ਨਾਗਰਿਕਾਂ ਦੀਆਂ ਇੱਛਾਵਾਂ ਅਤੇ ਸ਼ਾਸਨ ਨੂੰ ਆਕਾਰ ਦੇਣ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ‘ਸ਼ੀਲੀਡਜ਼’, ਇੱਕ ਸਮਰਪਿਤ ਪ੍ਰੋਗਰਾਮ ਏ ਜੋ ਜਨਤਕ ਅਤੇ ਰਾਜਨੀਤਿਕ ਜੀਵਨ ਵਿੱਚ ਔਰਤਾਂ ਲਈ ਸਮਰੱਥਾਵਾਂ ਅਤੇ ਨੈੱਟਵਰਕ ਬਣਾਉਂਦਾ ਏ । 47 ਭਾਗੀਦਾਰਾਂ ਦੇ ਇਸ ਸਮੂਹ ਵਿੱਚ ਪੰਜਾਬ ਭਰ ਤੋਂ ਜ਼ਮੀਨੀ ਪੱਧਰ ’ਤੇ ਬਦਲਾਅ ਲਿਆਉਣ ਵਾਲੇ, ਚੁਣੇ ਹੋਏ ਨੁਮਾਇੰਦੇ ਅਤੇ

ਪ੍ਰਸ਼ਾਸਕ ਸ਼ਾਮਲ ਹਨ। ਸ੍ਰੀ ਸੰਧਵਾਂ ਨੇ ਕਿਹਾ ਕਿ ਸ਼ੀਲੀਡਜ਼ ਦਾ ਪੰਜਾਬ ਐਡੀਸ਼ਨ ਇਸ ਪਹਿਲਕਦਮੀ ਦੀ ਕਾਮਯਾਬੀ ਨੂੰ ਦਰਸਾਉਂਦਾ ਏ ।

---------------------------------------------------------------------------

ਪੰਜਾਬ ਪੁਲਿਸ, ਅਤੇ ਹਾਰਟੇਕ ਫਾਊਂਡੇਸ਼ਨ ਦੇ ਸਹਿਯੋਗ ਨਾਲ, ਲਿੰਗ ਸੰਵੇਦਨਸ਼ੀਲਤਾ ਅਤੇ ਮੇਨਸਟ੍ਰੀਮਿੰਗ ਆਫ਼ ਵਿਮੈਨ ਇਨ ਪੰਜਾਬ ਪੁਲਿਸ' ਵਿਸ਼ੇ 'ਤੇ ਅਧਾਰਤ ਸਾਲ ਭਰ ਚੱਲਣ ਵਾਲੀ ਸਿਖਲਾਈ ਪਹਿਲਕਦਮੀ ਕੱਲ ਮਹਾਰਾਜਾ ਰਣਜੀਤ ਸਿੰਘ ਪੰਜਾਬ ਪੁਲਿਸ ਅਕਾਦਮੀ ਫਿਲੌਰ ਵਿਖੇ ਮੁਕੰਮਲ ਹੋਈ। ਇਸ ਸਿਖਲਾਈ ਪ੍ਰੋਗਰਾਮ ਦੇ ਆਖਰੀ ਦਿਨ ਮੁੱਖ ਮਹਿਮਾਨ ਵਜੋਂ ਪਹੁੰਚੇ ਇੰਡੀਅਨ ਐਕਸਪ੍ਰੈਸ ਦੇ ਰਾਸ਼ਟਰੀ ਸੰਪਾਦਕ (ਉੱਤਰੀ) ਮਨਰਾਜ ਗਰੇਵਾਲ ਸ਼ਰਮਾ ਨੇ ਮਹਿਲਾ ਅਧਿਕਾਰੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਿਖਰ 'ਤੇ ਪਹੁੰਚਣ ਲਈ ਬਿਨਾਂ ਕਿਸੇ ਸਮਝੌਤੇ ਦੇ ਪੂਰਨ ਸਮਰਪਣ ਦੀ ਲੋੜ ਹੁੰਦੀ ਏ । ਉਨ੍ਹਾਂ ਨੇ ਮਹਿਲਾ ਪੁਲਿਸ ਕਰਮਚਾਰੀਆਂ ਨੂੰ ਅਡੋਲ ਰਹਿਣ, ਆਪਣੀ ਪੇਸ਼ੇਵਰ ਅਹਿਮੀਅਤ ਬਣਾਉਣ ਅਤੇ ਕੰਮਕਾਜੀ ਥਾਂ 'ਤੇ ਲਿੰਗ ਅਧਾਰਿਤ ਜਾਂ ਅਣਉਚਿਤ ਟਿੱਪਣੀਆਂ ਖਿਲਾਫ ਡੱਟ ਕੇ ਬੋਲਣ ਦੀ ਅਪੀਲ ਕੀਤੀ। ਇਸ ਮੌਕੇ ਬੋਲਦਿਆਂ ਸਪੈਸ਼ਲ ਡੀਜੀਪੀ ਕਮਿਊਨਿਟੀ ਅਫੇਅਰਜ਼ ਡਿਵੀਜ਼ਨ ਗੁਰਪ੍ਰੀਤ ਕੌਰ ਦਿਓ ਨੇ ਕਿਹਾ ਕਿ ਪੰਜਾਬ ਪੁਲਿਸ ਦੀ 80, ਹਜ਼ਾਰ ਮੁਲਾਜ਼ਮਾਂ ਦੀ ਮਜ਼ਬੂਤ ਨਫ਼ਰੀ ਵਿੱਚ 11 ਫੀਸਦੀ ਮਹਿਲਾ ਕਰਮਚਾਰੀਆਂ ਨੂੰ ਮਾਣ ਅਤੇ ਸਮਾਨਤਾ ਨਾਲ ਮੁੱਖ ਧਾਰਾ ਵਿੱਚ ਜੋੜਨ

ਲਈ ਅਜਿਹੀਆਂ ਸਿਖਲਾਈ ਪਹਿਲਕਦਮੀਆਂ ਬਹੁਤ ਜ਼ਰੂਰੀ ਹਨ। ਇਸ ਤੋਂ ਬਾਅਦ ਘਰੇਲੂ ਹਿੰਸਾ ’ਤੇ ਅਧਾਰਤ 15 ਮਿੰਟ ਦੀ ਦਸਤਾਵੇਜ਼ੀ ਫਿਲਮ ਵੀ ਦਿਖਾਈ ਗਈ।

----------------------------------------------------------------

ਪੰਜਾਬ ਦੇ ਉਦਯੋਗ ਤੇ ਵਣਜ ਮੰਤਰੀ ਅਮਨ ਅਰੋੜਾ ਨੇ ਬੰਗਲੁਰੂ ਵਿਖੇ ਦੋ ਰੋਜ਼ਾ ਵਿਆਪਕ ਇਨਵੈਸਟਮੈਂਟ ਆਊਟਰੀਚ ਦੌਰਾਨ ਸੂਬੇ ਦੇ ਉੱਚ ਪੱਧਰੀ ਵਫ਼ਦ ਦੀ ਅਗਵਾਈ ਕੀਤੀ। ਉਨ੍ਹਾਂ ਨੇ ਮੋਹਾਲੀ ਨੂੰ ਉੱਤਰੀ ਭਾਰਤ ਦੇ ਅਗਲੇ ਜੀਸੀਸੀ ਅਤੇ ਤਕਨਾਲੋਜੀ ਕੇਂਦਰ ਵਜੋਂ ਪੇਸ਼ ਕੀਤਾ ਜੋ ਟੀਅਰ-2 ਸਿਟੀ ਲਾਗਤ 'ਤੇ ਟੀਅਰ-1 ਸਿਟੀ ਸਮਰੱਥਾ ਪ੍ਰਦਾਨ ਕਰਦਾ ਏ। ਇਸ ਦੌਰਾਨ ਉਨ੍ਹਾਂ ਨਵੇਂ ਵਿਸ਼ਵ ਭਰ ਦੇ ਦਿੱਗਜਾਂ ਨੂੰ ਪੰਜਾਬ ਦੀਆਂ ਸਮਰੱਥਾਵਾਂ ਅਤੇ ਵਿਸ਼ੇਸ਼ਤਾਵਾਂ ਬਾਰੇ ਜਾਣੂ ਕਰਵਾਇਆ। ਇਹ ਆਊਟਰੀਚ ਪੰਜਾਬ ਸਰਕਾਰ ਦੀ ਉਸ ਮਜ਼ਬੂਤ ਰਣਨੀਤੀ ਦਾ ਹਿੱਸਾ ਏ ਜਿਸ ਦਾ ਉਦੇਸ਼ ਭਾਰਤ ਦੇ ਪ੍ਰਮੁੱਖ ਵਪਾਰਕ ਅਤੇ ਤਕਨਾਲੋਜੀ ਕੇਂਦਰਾਂ ਵਿੱਚ ਕਾਰਪੋਰੇਟ ਫੈਸਲੇ ਲੈਣ ਵਾਲਿਆਂ, ਜੀਸੀਸੀ ਮੁਖੀਆਂ ਅਤੇ ਈਕੋਸਿਸਟਮ ਸਮਰੱਥਕਾਂ ਨਾਲ ਸਿੱਧੇ ਤੌਰ 'ਤੇ ਜੁੜ ਕੇ ਪੰਜਾਬ, ਖਾਸ ਕਰਕੇ ਮੋਹਾਲੀ ਨੂੰ ਵਿਸ਼ਵ ਪੱਧਰ ‘ਤੇ ਨਿਵੇਸ਼ ਲਈ ਪਸੰਸਦੀਦਾ ਸਥਾਨ ਬਣਾਉਣਾ ਏ।

----------------------------------------------------------------

ਭਾਰਤ-ਪਾਕਿਸਤਾਨ ਸਰਹੱਦ ਦੇ ਨੇੜੇ ਸਥਿਤ ਅਜਨਾਲਾ ਦੇ ਪਿੰਡ ਜੱਟਾ ਵਿੱਚ ਦੇਰ ਰਾਤ ਇੱਕ ਘਰ 'ਤੇ ਕਥਿਤ ਤੌਰ 'ਤੇ ਗ੍ਰਨੇਡ ਹਮਲਾ ਕੀਤਾ ਗਿਆ। ਸਾਡੇ ਪੱਤਰਕਾਰ ਨੇ ਦਸਿਆ ਕਿ ਕੁਝ ਅਣਪਛਾਤੇ ਵਿਅਕਤੀ ਮੋਟਰਸਾਈਕਲ ’ਤੇ ਸਵਾਰ ਹੋ ਕੇ ਆਏ ਅਤੇ ਘਰ ਦੇ ਬਾਹਰ ਦੋ ਗ੍ਰਨੇਡ ਸੁੱਟ ਕੇ ਫਰਾਰ ਹੋ ਗਏ। ਪਰਿਵਾਰਕ ਮੈਂਬਰਾਂ ਮੁਤਾਬਕ ਘਟਨਾ ਦੌਰਾਨ ਘਰ ਵਿੱਚ ਮੌਜੂਦ ਤਿੰਨ ਲੋਕ ਜ਼ਖ਼ਮੀ ਹੋਏ ਨੇ ਜਿਨ੍ਹਾਂ  ਵਿੱਚ ਦੋ ਔਰਤਾਂ ਅਤੇ ਇੱਕ ਆਦਮੀ ਸ਼ਾਮਲ ਹਨ। ਧਮਾਕਿਆਂ ਕਾਰਨ ਘਰ ਦੇ ਦਰਵਾਜ਼ਿਆਂ ਅਤੇ ਖਿੜਕੀਆਂ ਨੂੰ ਨੁਕਸਾਨ ਪਹੁੰਚਿਆ । ਜ਼ਖ਼ਮੀਆਂ ਨੂੰ ਤੁਰੰਤ ਇਲਾਜ ਲਈ ਹਸਪਤਾਲ ਲਿਜਾਇਆ ਗਿਆ। ਪੁਲਿਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਰਹੀ ਏ । ਓਧਰ BJP ਆਗੂ ਅਤੇ ਸਾਬਕਾ ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਇਸ ਘਟਨਾ ਦੀ ਨਿਖੇਦੀ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਕਾਨੂੰਨ-ਵਿਵਸਥਾ ਬੁਰੀ ਤਰਾਂ ਪ੍ਰਭਾਵਿਤ ਹੋਈ ਏ । ਪੁਲਿਸ ਪ੍ਰਸ਼ਾਸਨ ਲੋਕਾਂ ਦੇ ਘਰਾਂ ਦੀ ਸੁਰੱਖਿਆ ਕਰਨ ਵਿੱਚ ਵੀ ਨਾਕਾਮ ਸਾਬਤ ਹੋ ਰਿਹਾ ਏ । ਉਨ੍ਹਾਂ ਕਿਹਾ ਕਿ ਸਰਹੱਦੀ ਇਲਾਕਿਆਂ ਵਿੱਚ ਦਹਿਸ਼ਤ ਦਾ ਮਾਹੌਲ ਏ ਅਤੇ ਮੌਜੂਦਾ ਸਰਕਾਰ ਨੂੰ ਇਸ ਗੰਭੀਰ ਅਸਫ਼ਲਤਾ ਦੀ ਜਵਾਬਦੇਹੀ ਦੇਣੀ ਪਵੇਗੀ।

---------------------------------------------------------------------------

ਕੌਮੀ ਇਨਸਾਫ਼ ਮੋਰਚਾ ਵੱਲੋਂ ਬੁਲਾਇਆ ਗਿਆ ਪੰਜਾਬ ਬੰਦ ਸ਼ਾਂਤੀਪੂਰਨ ਢੰਗ ਨਾਲ ਜਾਰੀ ਏ । ਇਸ ਬੰਦ ਦਾ ਮਿਲਿਆ ਜੁਲਿਆ ਅਸਰ ਵੇਖਣ ਨੂੰ

ਮਿਲ ਰਿਹਾ ਏ । ਹੁਣ ਤੱਕ ਕੋਈ ਅਣਸੁਖਾਵੀਂ ਘਟਨਾ ਵਾਪਰਨ ਦੀ ਖ਼ਬਰ ਨਹੀਂ ਏ, ਹਾਲਾਂਕਿ ਸ਼ਾਹਰਾਹ 'ਤੇ ਕੁਝ ਥਾਵਾਂ 'ਤੇ ਆਵਾਜਾਈ ਵਿੱਚ ਵਿਘਨ ਪਿਆ ਏ। ਰੇਲ ਸੇਵਾਵਾਂ ਹੁਣ ਤੱਕ ਆਮ ਨੇ । ਜਨਤਕ ਸੁਰੱਖਿਆ ਨੂੰ ਯਕੀਨੀ ਬਣਾਉਣ ਅਤੇ ਕਿਸੇ ਵੀ ਸੰਭਾਵੀ ਘਟਨਾ ਨੂੰ ਰੋਕਣ ਲਈ ਰਾਜ ਭਰ ਵਿੱਚ ਮੁੱਖ ਥਾਵਾਂ 'ਤੇ ਭਾਰੀ ਪੁਲਿਸ ਬੰਦੋਬਸਤ ਬਣਾਈ ਰੱਖਿਆ ਗਿਆ ਏ । ਕੌਮੀ ਇਨਸਾਫ਼ ਮੋਰਚਾ ਵੱਲੋਂ ਸਵੇਰੇ 7 ਵਜੇ ਤੋਂ ਦੁਪਹਿਰ 2 ਵਜੇ ਤੱਕ ਦਿਨ ਭਰ ਦਾ ਬੰਦ, ਉਨ੍ਹਾਂ ਸਿੱਖ ਕੈਦੀਆਂ ਦੀ ਰਿਹਾਈ ਲਈ ਬੁਲਾਇਆ ਗਿਆ ਏ ਜੋ ਆਪਣੀ ਕਾਨੂੰਨੀ ਕੈਦ ਦੀ ਸਜ਼ਾ ਪੂਰੀ ਕਰਨ ਦੇ ਬਾਵਜੂਦ ਜੇਲ੍ਹਾਂ ਵਿੱਚ ਬੰਦ ਨੇ ।

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ ਸਾਡਾ ਅਗਲਾ ਰਾਸ਼ਟਰੀ ਬੁਲੇਟਿਨ ਸ਼ਾਮ 1.40 ਮਿੰਟ ਤੇ ਹੋਏਗਾ**

**ਨਮਸਕਾਰ ।**